# ਪੰਜਾਬੀ ਭਾਸ਼ਾ ਪਾਸਾਰ ਭਾਈਚਾਰਾ

ਹਵਾਲਾ ਨੰ:..........................

ਮਿਤੀ :..............................

ਵੱਲ

ਡਾਇਰੈਕਟਰ
ਸਥਾਨਕ ਸਰਕਾਰ ਵਿਭਾਗ, ਪੰਜਾਬ,
ਚੰਡੀਗੜ੍ਹ। dir.lg@punjab.gov.in

ਨੰ:ਪ.ਭ.ਪ.ਭ./੧ ਮਿਤੀ:28.01.2019

**ਵਿਸ਼ਾ:** ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਨਵੇਂ ਹੁਕਮ ਮਿਤੀ 05 ਸਤੰਬਰ 2018 ਦੀ ਪਾਲਣਾ ਹਿਤ, ਡਾਇਰੈਕਟਰ ਸਥਾਨਕ ਸਰਕਾਰ ਵਿਭਾਗ ਅਤੇ ਨਗਰ ਨਿਗਮਾਂ ਵੱਲੋਂ ਕੀਤੇ ਜਾਂਦੇ ਸਾਰੇ ਦਫ਼ਤਰੀ ਕੰਮ-ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਅਤੇ ਵਿਭਾਗ ਦੀ ਅਤੇ ਨਗਰ ਨਿਗਮਾਂ ਦੀਆਂ ਵੈਬਸਾਈਟਾਂ ਉੱਪਰ ਉਪਲਬਧ ਕਰਵਾਈ ਗਈ ਸੂਚਨਾ ਨੂੰ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਉਪਲਬਧ ਕਰਾਉਣ ਸਬੰਧੀ ਬੇਨਤੀ।

ਸ੍ਰੀ ਮਾਨ ਕਰੁਨੇਸ਼ ਸ਼ਰਮਾ ਜੀ,

ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪਸਾਰ ਨਾਲ ਸਬੰਧਤ ਕੁਝ ਕਾਨੂੰਨੀ ਵਿਵਸਥਾਵਾਂ ਅਤੇ ਤੱਥ, ਨਿਮਰਤਾ ਸਹਿਤ, ਵਿਚਾਰ ਅਤੇ ਯੋਗ ਕਾਰਵਾਈ ਲਈ ਆਪ ਜੀ ਦੇ ਧਿਆਨ ਵਿਚ ਲਿਆਂਦੇ ਜਾ ਰਹੇ ਹਨ:

**ਭਾਗ ੳ- ਪੰਜਾਬੀ ਨੂੰ ਰਾਜ ਭਾਸ਼ਾ ਦਾ ਦਰਜਾ ਦੇਣ ਵਾਲੇ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਮਹੱਤਵਪੂਰਨ ਵਿਵੱਸਥਾਵਾਂ ਅਤੇ ਪੰਜਾਬ ਸਰਕਾਰ ਦਾ ਮਿਤੀ 05 ਸਤੰਬਰ 2018 ਦਾ ਨਵਾਂ ਹੁਕਮ**

ਆਪ ਜੀ ਦਾ ਧਿਆਨ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਕੁਝ ਹੇਠ ਲਿਖੀਆਂ ਮਹੱਤਵਪੂਰਨ ਵਿਵੱਸਥਾਵਾਂ ਵੱਲ ਵੀ ਦਿਵਾਇਆ ਜਾਂਦਾ ਹੈ:

1. 49 ਸਾਲ ਪਹਿਲਾਂ ਪੰਜਾਬ ਰਾਜ ਭਾਸ਼ਾ ਐਕਟ 1967 ਦੀ ਧਾਰਾ 3 ਰਾਹੀਂ, **ਪੰਜਾਬੀ ਭਾਸ਼ਾ ਨੂੰ ਪੰਜਾਬ ਰਾਜ ਦੀ ਰਾਜ ਭਾਸ਼ਾ** ਦਾ ਦਰਜਾ ਦਿੱਤਾ ਗਿਆ ਸੀ। ਸਾਲ 2008 ਵਿਚ 'ਰਾਜ ਭਾਸ਼ਾ (ਤਰਮੀਮ) ਐਕਟ 2008' ਰਾਹੀਂ ਇਸ ਐਕਟ ਵਿਚ ਮਹੱਤਵਪੂਰਨ ਸੋਧਾਂ ਹੋਈਆਂ। ਨਵੀਂ ਜੋੜੀ ਧਾਰਾ 3(ਅ) ਰਾਹੀਂ 'ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਸਾਰੇ ਅਦਾਰਿਆਂ ਵਿਚ ਸਾਰਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਕੀਤੇ ਜਾਣਾ ਜ਼ਰੂਰੀ' ਕੀਤਾ ਗਿਆ। ਇਸ ਵਿਵਸਥਾ ਦੀ ਇਬਾਰਤ ਇਹ ਹੈ:

   **"ਧਾਰਾ 3(ਅ) - ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਅਦਾਰਿਆਂ ਦੇ ਦਫ਼ਤਰਾਂ ਆਦਿ ਵਿਚ ਪੰਜਾਬੀ ਦੀ ਵਰਤੋਂ ਬਾਰੇ**

   **"ਧਾਰਾ 3(ਅ):** ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ, ਸਰਕਾਰੀ ਖੇਤਰ ਦੇ ਅਦਾਰਿਆਂ, ਬੋਰਡਾਂ ਅਤੇ ਲੋਕਲ ਬਾਡੀਜ਼ ਅਤੇ ਰਾਜ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇਗਾ।"

2. 2008 ਦੇ ਇਸੇ ਸੋਧ ਐਕਟ ਦੀ ਧਾਰਾ 8(ੳ) ਰਾਹੀਂ, ਡਾਇਰੈਕਟਰ ਭਾਸ਼ਾ ਵਿਭਾਗ (ਅਤੇ ਅਗਾਂਹ ਜ਼ਿਲ੍ਹਾ ਸਿੱਖਿਆ ਅਫ਼ਸਰਾਂ) ਨੂੰ ਪੰਜਾਬ ਸਰਕਾਰ ਦੇ ਦਫ਼ਤਰਾਂ ਵਿਚ, ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਹੁੰਦਾ ਹੈ ਜਾਂ ਨਹੀਂ, ਇਸ ਤੱਥ ਦੀ ਪੜਤਾਲ ਕਰਨ ਦਾ ਅਧਿਕਾਰ ਦਿੱਤਾ ਗਿਆ। ਇਸ ਵਿਵਸਥਾ ਦੀ ਇਬਾਰਤ ਇਹ ਹੈ:

"**ਧਾਰਾ 8 (ੳ): ਸਮੀਖਿਆ ਦਾ ਅਧਿਕਾਰ:** ਡਾਇਰੈਕਟਰ ਭਾਸ਼ਾ ਵਿਭਾਗ ਜਾਂ ਉਸ ਦੇ ਅਧੀਨ ਅਤੇ ਇਸ ਮੰਤਵ ਲਈ ਉਸ ਵੱਲੋਂ ਨਾਮਜ਼ਦ ਕੀਤੇ ਗਏ ਅਫਸਰਾਂ ਕੋਲ ਇਸ ਐਕਟ ਦੀਆਂ ਧਾਰਾਵਾਂ 3(ੳ) ਅਤੇ 3(ਅ) ਦੀ ਪਾਲਣਾ ਦਾ ਪਤਾ ਲਗਾਉਣ ਵਾਸਤੇ ਰਾਜ ਸਰਕਾਰ ਦੇ ਸਰਕਾਰੀ ਦਫ਼ਤਰਾਂ, ਜਨਤਕ ਅਦਾਰਿਆਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਸਕੂਲਾਂ, ਕਾਲਜਾਂ, **ਯੂਨੀਵਰਸਿਟੀਆਂ** ਆਦਿ ਦਫ਼ਤਰਾਂ ਦਾ ਮੁਆਇਨਾ ਕਰਨ ਦਾ ਅਧਿਕਾਰ ਹੋਵੇਗਾ। ਦਫ਼ਤਰ ਦਾ ਦਫ਼ਤਰੀ ਰਿਕਾਰਡ ਰੱਖਣ ਵਾਲੇ ਅਫ਼ਸਰ ਆਪਣੇ ਕਬਜੇ ਹੇਠਲਾ ਸਾਰਾ ਰਿਕਾਰਡ ਮੁਆਇਨਾ ਕਰਨ ਵਾਲੇ ਡਾਇਰੈਕਟਰ ਜਾਂ ਅਫ਼ਸਰ ਨੂੰ ਮੁਹੱਈਆ ਕਰਾਉਣਗੇ।"

3. ਸਾਲ 2008 ਦੇ ਇਸੇ ਸੋਧ ਐਕਟ ਦੀ ਧਾਰਾ 8(ਸ) ਰਾਹੀਂ, ਉਹਨਾਂ ਕਰਮਚਾਰੀਆਂ/ ਅਧਿਕਾਰੀਆਂ ਨੂੰ ਸਜ਼ਾ ਦੇਣ ਦੀ ਵਿਵਸਥਾ ਵੀ ਕੀਤੀ ਗਈ ਹੈ ਜੋ ਆਪਣਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਨਹੀਂ ਕਰਨਗੇ। ਇਸ ਵਿਵਸਥਾ ਦੀ ਇਬਾਰਤ ਇਹ ਹੈ:

"**ਧਾਰਾ 8(ਸ) ਸਜ਼ਾਵਾਂ-** ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਇਸ ਐਕਟ ਦੀਆਂ ਧਾਰਾਵਾਂ ਜਾਂ ਇਹਨਾਂ ਤਹਿਤ ਕੀਤੇ ਨੋਟੀਫਿਕੇਸ਼ਨਾਂ ਦੀ ਵਾਰ ਵਾਰ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਹ ਪੰਜਾਬ ਸਿਵਲ ਸੇਵਾਵਾਂ (ਦੰਡ ਅਤੇ ਅਪੀਲ) ਨਿਯਮ, 1970 ਦੇ ਤਹਿਤ ਕਾਰਵਾਈ ਕੀਤੇ ਜਾਣ ਦਾ ਭਾਗੀ ਹੋਵੇਗਾ।"

ਉਪਰੋਕਤ ਉਪ ਧਾਰਾ (1) ਤਹਿਤ ਕਸੂਰਵਾਰ ਅਧਿਕਾਰੀ ਜਾਂ ਕਰਮਚਾਰੀ ਵਿਰੁੱਧ ਸਬੰਧਤ ਕੰਪੀਟੈਂਟ ਅਥਾਰਟੀ, ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਦੀਆਂ ਸਿਫਾਰਸ਼ਾਂ ਅਨੁਸਾਰ ਕਰੇਗੀ।

ਬਸ਼ਰਤੇ ਕਿ ਅਜਿਹੀ ਕਾਰਵਾਈ ਤੋਂ ਪਹਿਲਾਂ ਸਬੰਧਤ ਅਧਿਕਾਰੀ ਜਾਂ ਕਰਮਚਾਰੀ ਨੂੰ ਸੁਣੇ ਜਾਣ ਦਾ ਮੌਕਾ ਦਿੱਤਾ ਜਾਵੇਗਾ।'

4. ਪੰਜਾਬ ਸਰਕਾਰ ਵੱਲੋਂ ਇਹ ਕਾਨੂੰਨ ਤਾਂ ਬਣਾ ਦਿੱਤੇ ਗਏ ਪਰ ਇਹਨਾਂ ਤੇ ਅਮਲ ਨਹੀਂ ਹੋਇਆ। ਉਲਟਾ ਪੰਜਾਬੀ ਦੀ ਥਾਂ ਅੰਗਰੇਜ਼ੀ ਵਿਚ ਵੱਧ ਕੰਮ-ਕਾਜ ਹੋਣ ਲੱਗ ਪਿਆ। ਪੰਜਾਬੀ ਭਾਸ਼ਾ ਨਾਲ ਹੁੰਦੀ ਇਸ ਜ਼ਿਆਦਤੀ ਵਿਰੁੱਧ ਕੁਝ ਸੰਸਥਾਵਾਂ (ਵਿਸ਼ੇਸ਼ ਕਰਕੇ ਗੁਰੂ ਗੋਬਿੰਦ ਸਿੰਘ ਸਟਡੀ ਸਰਕਲ) ਨੇ ਪੰਜਾਬ ਸਰਕਾਰ ਨਾਲ ਰਾਬਤਾ ਕਾਇਮ ਕੀਤਾ ਅਤੇ ਇਹਨਾਂ ਵਿਵਸਥਾਵਾਂ ਨੂੰ ਲਾਗੂ ਕਰਾਉਣ ਲਈ ਦਬਾਅ ਪਾਇਆ। ਸ੍ਰੀ ਹਰੀ ਚੰਦ ਅਰੋੜਾ, ਸੀਨੀਅਰ ਐਡਵੋਕੇਟ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਕਾਨੂੰਨ ਦੀਆਂ ਇਹਨਾਂ ਵਿਵਸਥਾਵਾਂ ਦੀ ਹੋ ਰਹੀ ਘੋਰ ਉਲੰਘਣਾ ਬਾਰੇ ਪੰਜਾਬ ਸਰਕਾਰ ਨੂੰ **20 ਦੇ ਕਰੀਬ ਕਾਨੂੰਨੀ ਨੋਟਿਸ** ਦਿੱਤੇ ਗਏ। ਦਬਾਵਾਂ ਹੇਠ ਆਈ ਪੰਜਾਬ ਸਰਕਾਰ ਨੇ ਆਪਣੇ ਪ੍ਰਸ਼ਾਸਨਿਕ ਅਧਿਕਾਰੀਆਂ ਲਈ ਮਿਤੀ 05.09.2018 ਨੂੰ ਇੱਕ ਹੁਕਮ ਜਾਰੀ ਕੀਤਾ ਅਤੇ ਹਦਾਇਤ ਕੀਤੀ ਕਿ 'ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇ।' ਹੁਕਮ ਦੀਆਂ ਸਬੰਧਤ ਸਤਰਾਂ ਹੇਠ ਲਿਖੇ ਅਨੁਸਾਰ ਹਨ:

"ਇਸ ਲਈ ਆਪ ਨੂੰ ਮੁੜ ਬੇਨਤੀ ਕੀਤੀ ਜਾਂਦੀ ਹੈ ਕਿ **ਸਰਕਾਰ ਦੇ ਸਾਰੇ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ** ਦਾ ਸਮੁੱਚਾ ਦਫ਼ਤਰੀ ਕੰਮ-ਕਾਜ, ਭਾਰਤ ਸਰਕਾਰ ਅਤੇ ਦੂਜੇ ਰਾਜਾਂ ਨਾਲ ਕੀਤੀ ਜਾਣ ਵਾਲੀ ਲਿਖਾ-ਪੜ੍ਹੀ ਨੂੰ ਛੱਡ ਕੇ, **ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਅਨੁਸਾਰ ਕੇਵਲ ਪੰਜਾਬੀ ਭਾਸ਼ਾ ਵਿਚ ਹੀ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ।"**

5. ਇਸ ਮਹੱਤਵਪੂਰਨ ਹੁਕਮ ਰਾਹੀਂ ਪੰਜਾਬ ਸਰਕਾਰ ਨੇ ਆਪਣੇ ਦਫ਼ਤਰਾਂ ਦੇ ਮੁਖੀਆਂ ਨੂੰ ਇਹ ਹਦਾਇਤ ਵੀ ਜਾਰੀ ਕੀਤੀ ਹੈ ਕਿ ਉਹ ਆਪਣੀਆਂ ਇੰਟਰਨੇਟ ਤੇ ਪਾਈਆਂ ਵੈਬਸਾਈਟਾਂ ਵਿਚ ਉਪਲਬਧ ਕਰਵਾਈ ਗਈ ਸੂਚਨਾ,

ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ ਵੀ ਉਪਲਬਧ ਕਰਾਉਣ। ਹੁਕਮ ਦੀਆਂ ਸਬੰਧਤ ਸਤਰਾਂ ਹੇਠ ਲਿਖੇ ਅਨੁਸਾਰ ਹਨ:

"ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਵਿਭਾਗਾਂ ਰਾਹੀਂ ਚਲਾਈਆਂ ਜਾ ਰਹੀਆਂ ਸਕੀਮਾਂ ਜ਼ਿਆਦਾਤਰ ਪੰਜਾਬ ਦੀ ਆਮ ਜਨਤਾ ਲਈ ਹੀ ਹਨ। ਇਸ ਲਈ ਸਮੂਹ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ **ਆਪਣੀਆਂ ਵੈਬਸਾਈਟਾਂ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ (ਭਾਵ ਦੋਨੇਂ ਭਾਸ਼ਾਵਾਂ ਵਿਚ) ਤਿਆਰ ਕਰਕੇ ਅਪਲੋਡ ਕਰਨ ਤਾਂ ਜੋ ਪੰਜਾਬ ਵਾਸੀ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ।"**

**ਨੋਟ:** ਕਿਸੇ ਵਿਭਾਗ ਵੱਲੋਂ ਆਪਣੀ ਵੈਬਸਾਈਟ ਤੇ ਉਪਲਬਧ ਕਰਾਈ ਗਈ ਸੂਚਨਾ ਉਸ ਦੇ 'ਦਫ਼ਤਰੀ ਕੰਮ ਕਾਜ' ਦਾ ਹਿੱਸਾ ਹੈ।

6. ***ਕੁਝ ਮਹੀਨੇ ਪਹਿਲਾਂ ਮਾਣਯੋਗ ਸ.ਨਵਜੋਤ ਸਿੰਘ ਸਿੱਧੂ, ਸਥਾਨਕ ਸਰਕਾਰ ਮੰਤਰੀ ਵੱਲੋਂ ਇੱਕ ਵਿਸ਼ੇਸ਼ ਹੁਕਮ ਜਾਰੀ ਕਰਕੇ ਆਪਣੇ ਅਧੀਨ ਕੰਮ ਕਰਦੇ ਵਿਭਾਗਾਂ ਵਿਚ ਹੁੰਦੇ ਦਫ਼ਤਰੀ ਕੰਮ-ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਦੇ ਵਿਸ਼ੇਸ਼ ਨਿਰਦੇਸ਼ ਵੀ ਦਿੱਤੇ ਗਏ ਸਨ।***

**ਭਾਗ ਅ- ਡਾਇਰੈਕਟਰ ਸਥਾਨਕ ਸਰਕਾਰ ਵਿਭਾਗ ਅਤੇ ਇਸ ਅਧੀਨ ਕੰਮ ਕਰਦੀਆਂ ਨਗਰ ਨਿਗਮਾਂ ਵੱਲੋਂ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਦੇ ਮਿਤੀ 05.09.2018 ਦੇ ਹੁਕਮ ਦੀਆਂ ਉਲੰਘਣਾਵਾਂ ਦੀਆਂ ਉਦਾਹਰਣਾਂ**

1. ਆਏ ਸਾਲ ਨਗਰ ਨਿਗਮ ਲੁਧਿਆਣਾ ਵੱਲੋਂ ਆਪਣੇ ਪਾਣੀ ਅਤੇ ਸੀਵਰੇਜ ਦੇ ਲੱਖਾਂ ਉਪਭੋਗਤਾਵਾਂ ਨੂੰ ਜੋ ਬਿਲ ਜਾਰੀ ਕੀਤੇ ਜਾਂਦੇ ਹਨ ਉਨ੍ਹਾਂ ਦੀ ਭਾਸ਼ਾ ਕੇਵਲ ਅੰਗਰੇਜ਼ੀ ਹੁੰਦੀ ਹੈ। ਇਸੇ ਤਰ੍ਹਾਂ ਜਾਇਦਾਦ ਕਰ ਭਰਨ ਤੇ ਜੋ ਰਸੀਦ ਜਾਰੀ ਕੀਤੀ ਜਾਂਦੀ ਹੈ ਉਸ ਦੀ ਭਾਸ਼ਾ ਵੀ ਕੇਵਲ ਅੰਗਰੇਜ਼ੀ ਹੁੰਦੀ ਹੈ।

ਜਦੋਂਕਿ ਨਗਰ ਨਿਗਮ ਮੋਗਾ ਅਤੇ ਨਗਰ ਨਿਗਮ ਅੰਮ੍ਰਿਤਸਰ ਵੱਲੋਂ ਆਪਣੇ ਉਪਭੋਗਤਾਵਾਂ ਨੂੰ ਜਾਰੀ ਕੀਤੇ ਜਾਂਦੇ ਪਾਣੀ ਅਤੇ ਸੀਵਰੇਜ ਦੇ ਬਿਲ ਕੇਵਲ ਪੰਜਾਬੀ ਭਾਸ਼ਾ ਵਿਚ ਜਾਰੀ ਕੀਤੇ ਜਾਂਦੇ ਹਨ।

2. ਪੰਜਾਬ ਸਰਕਾਰ ਵੱਲੋਂ ਆਪਣੇ ਸਰਕਾਰੀ ਵਿਭਾਗਾਂ ਅਤੇ ਅਦਾਰਿਆਂ ਨੂੰ ਆਪਣੀਆਂ ਵੈਬਸਾਈਟਾਂ ਵਿਚ ਉਪਲਬਧ ਕਰਵਾਈ ਗਈ ਸੂਚਨਾ ਨੂੰ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਉਪਲਬਧ ਕਰਾਉਣ ਲਈ ਜਾਰੀ ਕੀਤੇ ਗਏ ਹੁਕਮ (ਮਿਤੀ 05.09.2018) ਦੇ ਕਰੀਬ ਸਾਢੇ ਚਾਰ ਮਹੀਨੇ ਲੰਘ ਜਾਣ ਦੇ ਬਾਵਜੂਦ ਵੀ ਡਾਇਰੈਕਟਰ ਸਥਾਨਕ ਸਰਕਾਰ ਵਿਭਾਗ, ਨਗਰ ਨਿਗਮ ਅੰਮ੍ਰਿਤਸਰ, ਜਲੰਧਰ ਅਤੇ ਲੁਧਿਆਣਾ ਦੀਆਂ ਵੈਬਸਾਈਟਾਂ ਹਾਲੇ ਵੀ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਹਨ। ਇੱਥੋਂ ਤੱਕ ਕਿ ਪੰਜਾਬੀ ਭਾਸ਼ਾ ਦੇ ਮੁਦੱਈ ਮਾਣਯੋਗ ਸ.ਨਵਜੋਤ ਸਿੰਘ ਸਿੱਧੂ ਜੀ ਦਾ ਲੋਕਾਂ ਦੇ ਨਾਂ ਦਿੱਤਾ ਸੰਦੇਸ਼ ਵੀ ਨਗਰ ਨਿਗਮ ਜਲੰਧਰ ਦੀ ਵੈਬਸਾਈਟ ਉੱਪਰ ਕੇਵਲ ਅੰਗਰੇਜ਼ੀ ਵਿਚ ਉਪਲਬਧ ਕਰਵਾਇਆ ਗਿਆ ਹੈ।

**ਭਾਗ ੲ-** ਡਾਇਰੈਕਟਰ ਸਥਾਨਕ ਸਰਕਾਰ ਵਿਭਾਗ, ਨਗਰ ਨਿਗਮ ਲੁਧਿਆਣਾ, ਜਲੰਧਰ ਅਤੇ ਅੰਮ੍ਰਿਤਸਰ ਆਦਿ ਦੇ ਕਮਿਸ਼ਨਰਾਂ ਨੂੰ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਦੇ ਮਿਤੀ 05.09.2018 ਦੇ ਹੁਕਮ ਦੀ ਇੰਨ-ਬਿੰਨ ਪਾਲਣਾ ਕਰਨ ਲਈ ਬੇਨਤੀ।

1. ਨਗਰ ਨਿਗਮ ਲੁਧਿਆਣਾ ਵੱਲੋਂ ਆਪਣੇ ਉਪਭੋਗਤਾਵਾਂ ਨੂੰ ਜਾਰੀ ਕੀਤੇ ਜਾਂਦੇ ਪਾਣੀ ਅਤੇ ਸੀਵਰੇਜ ਦੇ ਬਿਲ ਮੋਗਾ ਅਤੇ ਅੰਮ੍ਰਿਤਸਰ ਦੀਆਂ ਨਗਰ ਨਿਗਮਾਂ ਵਾਂਗ ਕੇਵਲ ਪੰਜਾਬੀ ਭਾਸ਼ਾ ਵਿਚ ਜਾਰੀ ਕੀਤੇ ਜਾਣ। ਇਸੇ ਤਰ੍ਹਾਂ ਨਗਰ ਨਿਗਮ ਲੁਧਿਆਣਾ ਵੱਲੋਂ ਜਾਰੀ ਕੀਤੀਆਂ ਜਾਂਦੀਆਂ ਜਾਇਦਾਦ ਕਰ ਦੀਆਂ ਰਸੀਦਾਂ ਆਦਿ ਵੀ ਕੇਵਲ ਪੰਜਾਬੀ ਵਿਚ ਕੀਤੀਆਂ ਜਾਣ। ਲੋਕਾਂ ਨੂੰ ਜਾਰੀ ਕੀਤੇ ਜਾਂਦੇ ਹੋਰ ਦਸਤਾਵੇਜ ਵੀ ਕੇਵਲ ਪੰਜਾਬੀ ਭਾਸ਼ਾ ਵਿਚ ਜਾਰੀ ਕੀਤੇ ਜਾਣ।

2. ਡਾਇਰੈਕਟਰ ਸਥਾਨਕ ਸਰਕਾਰ ਵਿਭਾਗ ਅਤੇ ਨਗਰ ਨਿਗਮਾਂ, ਖਾਸ ਕਰ ਲੁਧਿਆਣਾ ਜਲੰਧਰ ਅਤੇ ਅੰਮ੍ਰਿਤਸਰ, ਦੀਆਂ ਵੈਬਸਾਈਟਾਂ ਉੱਪਰ ਉਪਲਬਧ ਕਰਵਾਈ ਗਈ ਸੂਚਨਾ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਵੀ ਉਪਲਬਧ ਕਰਵਾਈ ਜਾਵੇ।

ਉਸਾਰੂ ਹੁੰਘਾਰੇ ਦੀ ਉਡੀਕ ਵਿਚ।

| | | |
|---|---|---|
| ਮਿੱਤਰ ਸੈਨ ਮੀਤ | ਹਰਬਖ਼ਸ਼ ਸਿੰਘ ਗਰੇਵਾਲ | |
| (ਮਿੱਤਰ ਸੈਨ ਮੀਤ) | (ਹਰਬਖ਼ਸ਼ ਸਿੰਘ ਗਰੇਵਾਲ) | (ਮਹਿੰਦਰ ਸਿੰਘ ਸੇਖੋਂ) |
| ਸਹਾਇਕ ਸੰਚਾਲਕ (ਕਾਨੂੰਨ) | ਸਹਾਇਕ ਸੰਚਾਲਕ (ਪ੍ਰਬੰਧ) | ਸਹਾਇਕ ਸੰਚਾਲਕ (ਲੋਕ ਸੰਪਰਕ) |

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਮਾਣਯੋਗ ਮੁੱਖ ਮੰਤਰੀ, ਪੰਜਾਬ। cmo@punjab.gov.in
2. ਸ਼੍ਰੀ ਨਵਜੋਤ ਸਿੰਘ ਸਿੱਧੂ, ਸਥਾਨਕ ਸਰਕਾਰ ਮੰਤਰੀ, ਪੰਜਾਬ, ਚੰਡੀਗੜ੍ਹ।
3. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ। cs@**punjab**.gov.in
4. ਪ੍ਰਮੁੱਖ ਸਕੱਤਰ, ਸਥਾਨਕ ਸਰਕਾਰ ਵਿਭਾਗ, ਪੰਜਾਬ ਸਰਕਾਰ, ਚੰਡੀਗੜ੍ਹ। secy.lg@punjab.gov.in
5. ਸ਼੍ਰੀ ਐਸ.ਕੇ. ਸੰਧੂ, ਵਧੀਕ ਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ। sk.sandhu87@ias.gov.in , pshe@punjab.gov.in;
6. ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ, ਪਟਿਆਲਾ। dir.lang@punjab.gov.in
7. ਕਮਿਸ਼ਨਰ, ਨਗਰ ਨਿਗਮ, ਅੰਮ੍ਰਿਤਸਰ।
8. ਕਮਿਸ਼ਨਰ, ਨਗਰ ਨਿਗਮ, ਜਲੰਧਰ।
9. ਕਮਿਸ਼ਨਰ, ਨਗਰ ਨਿਗਮ, ਲੁਧਿਆਣਾ।

ਨੱਥੀ: ਦਸਤਾਵੇਜ਼

PUNJABI BHASHA PASAAR BHAICHARA

**MUNICIPAL CORPORATION, LUDHIANA** **WATER AND SEWERAGE BILL** **For The Period of** 01/04/2018 **To** 30/09/2018

| Account Number Name of Zone | Name & Address | Meter No. | Tariff Type | W.C. S.C. | Taps Seats | Bill No. | Loan Balance Water Principal | Loan Balance Water Interest | Loan Balance Sewerage Principal | Loan Balance Sewerage Interest |
|---|---|---|---|---|---|---|---|---|---|---|
| A35/AL35/1180 29 Zone: | HARBAX SINGH 526/2 VILL SUNET | Id No 176835 | Area(Sqyd)Dom. 215.00 | 146829 | 1 | 5597753 | Id 176835 | | | .00 |

| New Reading On | Old Reading On | Period | Condition of. Meter | Consumption | Meter Rent | Arrears Water | Arrears Sewerage | Interest on Arrears | Duel Loan Instalments Water | Duel Loan Instalments Sewerage |
|---|---|---|---|---|---|---|---|---|---|---|
| | | 6 Months | | | 0.00 | 1,260 | | 56.70 | | 0.00 |

| Water Charges | Sewerage Charges | Less Excess Payment Water | Less Excess payment Sewerage | Adjustment of Previous Bill | Rebate | Amount Payable by Due Date | Amount payable after Due Date | Issue Date | Due Date By Cash | Due Date By Cheque |
|---|---|---|---|---|---|---|---|---|---|---|
| 630.00 | 630.00 | 0.00 | 0.00 | 0.00 | 126 | 2451 | 2577 | | 28/09/2018 | 28/09/2018 |

You must take the receipt from the Cashier after making the payments www.mcludhiana.com *Please read the instructions on the back side of the bill.*

The bill is provisional may be revised in the light of govt. notification no. 2/2/2003-3LGIV/6510 dated 02/05/2003

**Municipal Corporation Ludhiana**
**(http://wsepayment.mcludhiana.gov.in)**
**(Payment Receipt-Applicant Copy)**
**UID No :-**

| | | | |
|---|---|---|---|
| Account No.: | 176835 | Date: | 24/09/2018 |
| Block: | A35 | Property No.: | 526/2 |
| Name: | HARBAX SINGH | Contact No. | 9999999999 |
| Due Amount | 2451.00/- | Amount Paid: | 2451.00/- |
| Payment Mode: | Cash | Bank: | |
| DD/Cheque No.: | | DD/Cheque Date: | |
| Transaction ID: | | Service | Water/Sewerage Payment |
| **G8 Book No.:** | 96164 | **G8 Receipt No:** | 13 |
| **Created By:** | Lakhbir Kaur (Zone-D) | **Bill Period :** | 30/09/2018 |

# Municipal Corporation Ludhiana

PROPERTY TAX RETURN ASSESSMENT REPORT

**Financial Year**

2018-2019

## UID No:-

**Return ID :** 82836 / 2018-2019 **Acknowledgement No. :** 131825115731517297 **Date :** 27/09/2018

**Old Return ID :** 226491 **Dated. :** 27/03/2018 **Old G8 Receipt :** 25 **Old G8 Book No :** 75487

**Property Details :**

**New Property No :**

**Property No :** #526/2-A

**Zone :** ZONE D

**Plot Area(sq. yds) :** 396.00 Built Up

**Colony/Mohalla :** VILLAGE SUNET

**Building Category:** Commercial buildings including Restaurants (except multiplexes, malls, marriage palaces)

**Land Used For :** Others

**Remarks:**

**Property Type :** Non-Residential

**Exemption Category :** Non-Exempted

**House Tax Account :** 0

**Block :** 35

**Total Covered / Used Area (sq. feet) :** 2304.00

**Ownership Details : Single Owner**

| Owner Name/Company | Father's/Husband's Name/Authorised Person | Mobile | Address |
|---|---|---|---|
| AMRIK SINGH GREWAL | S/O HARBAX SINGH GREWAL | 9465789139 | #526/2-A,VILL SUNET ,LDH |

**Floor / Used Area Detail :**

| Floor / Used Area | Covered Area / Used Area | Use Factor | Structure Factor | Occupancy | Annual Rent | Floor / Used Area Tax |
|---|---|---|---|---|---|---|
| Ground Floor | 484.00 | Non-Residential | Pucca (Cemented Bricks Walled and Load bearing roof) | Rented | 144000.00 | 10800.00 |
| Ground Floor | 1820.00 | Non-Residential | Pucca (Cemented Bricks Walled and Load bearing roof) | Un-Productive | | 3640.00 |
| Ground Floor - Vacant | 1260.00 | Non-Residential | Pucca (Cemented Bricks Walled and Load bearing roof) | Self Occupied | | 2520.00 |

**Tax Calcultaion :**

**Gross Tax :** 16960.00 **Fire Cess :** 1696.00 **Penalty :** 0.00 **Interest :** 0.00

**Rebate :** 1696.00 **Exemption Amount :** 0.00 **Arrears / Adjusted Amt :** 0.00

**Net Payable Tax : 16960.00**

## Payment Receipt

**Return ID** 82836 **Acknowledgement No. :** 131825115731517297

**Total Amount to be Paid :** 16960.00 **Amount Paid : 16960.00**

**Payment Mode :** Cash

**Transaction ID (for POS/Online Payments only) :**

**Cheque/DD No. :** **Cheque/DD Date. :** **Bank Name :**

**G8 Book No. :** 97061 **G8 Receipt No. :** 10

**Prepared By :** Rinky

Note:-

1. Payment received by cheque/demand draft shall be subject to realization.
2. This Document is not Proof of Ownership of Property.
3. Pay Property Tax online at http://propertytax.mcludhiana.gov.in
4. Helpline No. 84375-35700
5. Download Swachhata App to resolve complaints regarding Health/Sanitation & Sewerage.